# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 13:40

**ਮਿਤੀ : 16-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਰੱਖਿਆ ਮੰਤਰੀ RAJNATH SINGH ਨੇ ਹਾਲੀਆ ਵਿਰੋਧ ਮੁਜ਼ਾਹਰਿਆਂ ਪਿੱਛੇ ਕਾਂਗਰਸ ਦੇ ਇਰਾਦਿਆਂ 'ਤੇ ਸਵਾਲ ਉਠਾਏ, ਪਾਰਟੀ 'ਤੇ ਲੋਕਾਂ ਨੂੰ ਗੁੰਮਰਾਹ ਕਰਨ ਦਾ ਇਲ੍ਜ਼ਾਮ ਲਾਇਆ.

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਗੈਂਗਸਟਰਵਾਦ ਅਤੇ ਸੰਗਠਿਤ ਅਪਰਾਧ ਦੇ ਵਧ ਰਹੇ ਖ਼ਤਰੇ 'ਤੇ ਚਿੰਤਾ ਪ੍ਰਗਟ ਕੀਤੀ ।

- ਸਰਕਾਰ ਨੇ ਇਸ ਪੰਦਰਵਾੜੇ ਲਈ ਪੈਟਰੋਲ, ਡੀਜ਼ਲ ਅਤੇ ਹਵਾਬਾਜ਼ੀ ਟਰਬਾਈਨ ਫਿਊਲ (ATF) ਦੀ ਬਰਾਮਦ 'ਤੇ ਸੋਧੀ ਹੋਈ ਡਿਊਟੀ ਸੰਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ।

- ਭਾਰਤ ਦੇ ਸਕਾਈਰੂਟ ਏਰੋਸਪੇਸ ਨੇ ਰਾਤ ਨੂੰ ਸੂਰਜ ਦੀ ਰੌਸ਼ਨੀ ਪ੍ਰਦਾਨ ਕਰਨ ਲਈ ਅਮਰੀਕੀ ਸਟਾਰਟ-ਅੱਪ ਰਿਫਲੈਕਟ ਔਰਬਿਟਲ ਨਾਲ ਇਕਰਾਰਨਾਮੇ 'ਤੇ ਦਸਤਖਤ ਕੀਤੇ.

- ਅੱਜ ਵਿਸ਼ਵ ਖੁਰਾਕ ਦਿਵਸ ਮਨਾਇਆ ਜਾ ਰਿਹਾ ਏ.

***ਹੁਣ ਖਬਰਾਂ ਵਿਸਥਾਰ ਨਾਲ***

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਹਾਲ ਹੀ ਵਿੱਚ ਹੋਏ ਵਿਰੋਧ ਮੁਜ਼ਾਹਰਿਆਂ ਬਾਰੇ ਕਾਂਗਰਸ ਪਾਰਟੀ ਦੇ ਇਰਾਦਿਆਂ 'ਤੇ ਸਵਾਲ ਉਠਾਏ ਨੇ. ਉਨ੍ਹਾਂ ਕਿਹਾ ਕਿ ਕਾਂਗਰਸ ਗਲਤ ਜਾਣਕਾਰੀ ਨਾਲ ਲੋਕਾਂ ਨੂੰ ਗੁੰਮਰਾਹ ਕਰ ਰਹੀ ਏ ਅਤੇ ਹਿੰਸਾ ਅਤੇ ਅਰਾਜਕਤਾ ਰਾਹੀਂ ਆਪਣੀ ਚੋਣ ਹਾਰ ਦਾ ਬਦਲਾ ਲੈਣਾ ਚਾਹੁੰਦੀ ਏ। ਲਖਨਊ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ, ਸ਼੍ਰੀ ਸਿੰਘ ਨੇ ਕਾਂਗਰਸ ਅਤੇ ਰਾਹੁਲ ਗਾਂਧੀ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਗਾਂਧੀ ਦੀ ਉਪਾਧੀ ਦੀ ਵਰਤੋਂ ਨਹੀਂ ਕਰਨੀ ਚਾਹੀਦੀ, ਕਿਉਂਕਿ ਰਾਸ਼ਟਰ ਪਿਤਾ ਨੇ ਚੌਰੀ-ਚੌਰਾ ਹਿੰਸਾ ਤੋਂ ਬਾਅਦ ਆਪਣਾ ਅੰਦੋਲਨ ਮੁਅੱਤਲ ਕਰ ਦਿੱਤਾ ਸੀ। ਕਾਂਗਰਸ ਪਾਰਟੀ ਅਤੇ ਇਸ ਨਾਲ ਜੁੜੇ ਸੰਗਠਨ ਖੁੱਲ੍ਹ ਕੇ ਕਹਿ ਰਹੇ ਨੇ ਕਿ ਉਹ ਸਰਕਾਰ ਨੂੰ ਡੇਗਣਾ ਚਾਹੁੰਦੇ ਨੇ ਅਤੇ ਸੱਤਾ ਤਬਦੀਲੀ ਲਿਆਉਣਾ ਚਾਹੁੰਦੇ ਨੇ, ਜਿਸ ਲਈ ਉਹ ਬੰਗਲਾਦੇਸ਼ ਤੋਂ ਪ੍ਰੇਰਨਾ ਲੈ ਰਹੇ ਨੇ –

byte

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਗੈਂਗਸਟਰਵਾਦ ਅਤੇ ਸੰਗਠਿਤ ਅਪਰਾਧ ਦੇ ਵੱਧ ਰਹੇ ਖ਼ਤਰੇ 'ਤੇ ਚਿੰਤਾ ਪ੍ਰਗਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸ਼ਾਹ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨੂੰ ਪੁੱਛਿਆ ਏ ਕਿ ਪੰਜਾਬ ਦੇ ਲੋਕਾਂ ਦੀ ਸੁਰੱਖਿਆ ਕੌਣ ਯਕੀਨੀ ਬਣਾਏਗਾ। ਇਸ ਦੇ ਨਾਲ ਹੀ, ਗ੍ਰਹਿ ਮੰਤਰੀ ਨੇ ਰਾਜ ਦੇ ਲੋਕਾਂ ਨੂੰ ਆਪਣਾ ਅਹਿਦ ਦੁਹਰਾਇਆ ਏ ਕਿ ਜੇਕਰ ਭਾਜਪਾ ਸਰਕਾਰ ਬਣਾਉਂਦੀ ਏ, ਤਾਂ ਪਾਰਟੀ ਨਸ਼ਾ ਮੁਕਤ, ਗੈਂਗਸਟਰ ਮੁਕਤ, ਸੁਰੱਖਿਅਤ ਪੰਜਾਬ ਬਣਾਉਣ ਲਈ ਆਪਣੀ ਪੂਰੀ ਤਾਕਤ ਨਾਲ ਕੰਮ ਕਰੇਗੀ। ਉਨ੍ਹਾਂ ਕਿਹਾ ਕਿ ਪਾਰਟੀ ਦਾ ਟੀਚਾ ਸਪੱਸ਼ਟ ਏ - ਨਸ਼ੇ ਦੇ ਕਾਰੋਬਾਰ 'ਤੇ ਹਮਲਾ ਕਰਨਾ, ਨੌਜਵਾਨਾਂ ਦੇ ਭਵਿੱਖ ਦੀ ਰੱਖਿਆ ਕਰਨਾ, ਅਪਰਾਧੀਆਂ ਵਿਰੁੱਧ ਸਖ਼ਤ ਕਾਰਵਾਈ ਕਰਨਾ ਅਤੇ ਕਾਨੂੰਨ ਦਾ ਅਜਿਹਾ ਰਾਜ ਯਕੀਨੀ ਬਣਾਉਣਾ ਜਿਸ ਵਿੱਚ ਕੋਈ ਵੀ ਨਾਗਰਿਕ ਡਰ ਨਾਲ ਰਹਿਣ ਲਈ ਮਜਬੂਰ ਨਾ ਹੋਵੇ-

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਹੈ ਕਿ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਅਤੇ ਸੰਗਠਿਤ ਅਪਰਾਧ ਦਾ ਖ਼ਤਰਾ ਵਧ ਰਿਹਾ ਹੈ ਅਤੇ ਨਸ਼ੀਲੇ ਪਦਾਰਥਾਂ ਦੇ ਖਤਰੇ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ 'ਤੇ ਸਵਾਲ ਉਠ ਰਹੇ ਨੇ। ਬੀਤੇ ਮੰਗਲਵਾਰ ਨੂੰ ਮਾਨਸਾ ਵਿੱਚ ਸਿੰਥੈਟਿਕ ਨਸ਼ੇ ਵਿਰੁੱਧ ਆਵਾਜ਼ ਉਠਾਉਣ ਵਾਲੇ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੀ ਦਿਨ-ਦਿਹਾੜੇ ਹੱਤਿਆ ਅਤੇ ਸੰਗਰੂਰ ਦੇ ਦਿੜ੍ਹਬਾ ਹਲਕੇ ਵਿੱਚ ਦਬਾਅ ਹੇਠ ਇੱਕ ਪਿਤਾ ਵੱਲੋਂ ਹਾਲ ਹੀ ਵਿੱਚ ਕੀਤੀ ਗਈ ਖੁਦਕੁਸ਼ੀ ਦੀ ਘਟਨਾ ਦਾ ਹਵਾਲਾ ਦਿੰਦੇ ਹੋਏ ਓਹਨਾ ਕਿਹਾ ਕੇ ਅਹਿਨਾ ਦੋਵਾਂ ਘਟਨਾਵਾਂ ਨੇ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਗ੍ਰਹਿ ਮੰਤਰੀ ਨੇ ਕਿਹਾ ਕਿ ਪਰਵਿੰਦਰ ਦੇ ਪਿਤਾ ਨੇ 'ਆਪ' ਸਰਕਾਰ ਅਤੇ ਇਸਦੇ ਵਿਧਾਇਕ 'ਤੇ ਗੰਭੀਰ ਦੋਸ਼ ਲਗਾਏ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਗ੍ਰਹਿ ਮੰਤਰਾਲਾ ਦੋਵਾਂ ਘਟਨਾਵਾਂ 'ਤੇ ਪੰਜਾਬ ਸਰਕਾਰ ਤੋਂ ਜਵਾਬ ਮੰਗੇਗਾ। ਸ੍ਰੀ ਸ਼ਾਹ ਨੇ ਸ੍ਰੀ ਮਾਨ ਨੂੰ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਪ੍ਰਚਾਰ ਅਤੇ ਐਲਾਨਾਂ ਦੀ ਨਹੀਂ, ਨਤੀਜਿਆਂ ਦੀ ਲੋੜ ਹੈ। ਉਨ੍ਹਾਂ ਨੂੰ ਸੂਬੇ ਵਿੱਚ ਨਸ਼ੀਲੇ ਪਦਾਰਥਾਂ ਦੇ ਨੈੱਟਵਰਕ 'ਤੇ ਫੈਸਲਾਕੁੰਨ ਹਮਲੇ

ਅਤੇ ਅਪਰਾਧੀਆਂ ਨੂੰ ਦਿੱਤੀ ਜਾਣ ਵਾਲੀ ਕਿਸੇ ਵੀ ਰਾਜਨੀਤਿਕ ਸਰਪ੍ਰਸਤੀ ਦੀ ਨਿਰਪੱਖ ਜਾਂਚ ਦੀ ਲੋੜ ਹੈ।

---------------------------------------------------

ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਵੀ ਕਿਹਾ ਏ ਕਿ ਪੰਜਾਬ ਦਾ ਨਸ਼ਾ ਸੰਕਟ ਚਿੰਤਾਜਨਕ ਪੱਧਰ 'ਤੇ ਪਹੁੰਚ ਗਿਆ ਏ । ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਜਕਰਤਾ ਪਰਵਿੰਦਰ ਸਿੰਘ ਝੋਟੇ ਦੇ ਕਤਲ ਤੋਂ ਦੋ ਦਿਨ ਬਾਅਦ, ਗੁਰਦਾਸਪੁਰ ਵਿੱਚ 40 ਸਾਲਾ ਬਿਕਰਮਜੀਤ ਸਿੰਘ ਦਾ ਕਤਲ, 'ਆਪ' ਸਰਕਾਰ ਦੇ ਅਧੀਨ ਕਾਨੂੰਨ ਵਿਵਸਥਾ ਦੇ ਢਹਿ-ਢੇਰੀ ਹੋਣ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਏ । ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਪੰਜਾਬ ਨੂੰ ਡਰੱਗ ਮਾਫੀਆ ਵਿਰੁੱਧ ਫੈਸਲਾਕੁੰਨ ਕਾਰਵਾਈ ਅਤੇ ਇਸਦੇ ਨਾਗਰਿਕਾਂ ਦੀ ਸੁਰੱਖਿਆ ਦੀ ਲੋੜ ਏ । ਪੰਜਾਬ ਦੇ ਲੋਕ ਜਵਾਬਦੇਹੀ ਅਤੇ ਇੱਕ ਅਜਿਹੀ ਸਰਕਾਰ ਦੇ ਹੱਕਦਾਰ ਨੇ ਜੋ ਉਨ੍ਹਾਂ ਨੂੰ ਸੁਰੱਖਿਅਤ ਰੱਖ ਸਕੇ ।

---------------------------------------------------

ਸਰਕਾਰ ਨੇ ਇਸ ਪੰਦਰਵਾੜੇ ਲਈ ਪੈਟਰੋਲ, ਡੀਜ਼ਲ ਅਤੇ ਹਵਾਬਾਜ਼ੀ ਟਰਬਾਈਨ ਫਿਊਲ (ATF) ਦੀ ਬਰਾਮਦ 'ਤੇ ਸੋਧੀ ਹੋਈ ਡਿਊਟੀ ਸੰਬੰਧੀ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਏ । ਖਜ਼ਾਨਾ ਮੰਤਰਾਲੇ ਵੱਲੋਂ ਕੱਲ੍ਹ ਜਾਰੀ ਕੀਤੀ ਗਈ ਇੱਕ ਨੋਟੀਫਿਕੇਸ਼ਨ ਮੁਤਾਬਿਕ, ਪੈਟਰੋਲ ਦੀ ਬਰਾਮਦੀ 'ਤੇ ਡਿਊਟੀ ਦਰ ਢਾਈ ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ ਦੀ ਬਰਾਮਦ 'ਤੇ ਸਾਢੇ 8 ਰੁਪਏ ਪ੍ਰਤੀ ਲੀਟਰ ਹੋਵੇਗੀ। ATF ਦੀ ਬਰਾਮਦ 'ਤੇ ਡਿਊਟੀ ਦਰ ਸਾਢੇ 10 ਰੁਪਏ ਪ੍ਰਤੀ ਲੀਟਰ ਰਹੇਗੀ। ਨੋਟੀਫਿਕੇਸ਼ਨ

ਵਿੱਚ ਇਹ ਵੀ ਕਿਹਾ ਗਿਆ ਏ ਕਿ ਘਰੇਲੂ ਖਪਤ ਲਈ ਉਪਲਬਧ ਪੈਟਰੋਲ ਅਤੇ ਡੀਜ਼ਲ 'ਤੇ ਮੌਜੂਦਾ ਐਕਸਾਈਜ਼ ਡਿਊਟੀ ਦਰਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਏ। ਇਹ ਨੋਟੀਫਿਕੇਸ਼ਨ ਅੱਜ ਤੋਂ ਲਾਗੂ ਹੋ ਗਿਆ ਏ । ਇਹ ਦਰਾਂ ਪਿਛਲੀ ਸਮੀਖਿਆ ਤੋਂ ਬਾਅਦ ਦੀ ਮਿਆਦ ਦੌਰਾਨ ਕੱਚੇ ਤੇਲ, ਪੈਟਰੋਲ, ਡੀਜ਼ਲ ਅਤੇ ATF ਦੀਆਂ ਔਸਤ ਅੰਤਰਰਾਸ਼ਟਰੀ ਕੀਮਤਾਂ 'ਤੇ ਅਧਾਰਿਤ ਨੇ।

---------------------------------------------------------------

ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਉਮੀਦ ਪ੍ਰਗਟਾਈ ਏ ਕਿ ਭਾਰਤ-ਅਮਰੀਕਾ ਵਪਾਰ ਸਮਝੌਤਾ ਜਲਦ ਤੋਂ ਜਲਦ ਪੂਰਾ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਆਲਮੀ ਵਪਾਰਕ ਹਿੱਤਾਂ ਦੀ ਪੂਰਤੀ ਕਰੇਗਾ ਅਤੇ ਦੋਵਾਂ ਦੇਸ਼ਾਂ ਵਿਚਕਾਰ ਆਰਥਿਕ ਸਬੰਧਾਂ ਨੂੰ ਮਜ਼ਬੂਤ ਕਰੇਗਾ। ਉਨ੍ਹਾਂ ਇਹ ਗੱਲ, ਥਾਈਲੈਂਡ ਦੇ ਬੈਂਕਾਕ ਵਿੱਚ ਆਈ.ਐਮ.ਐਫ.-ਵਿਸ਼ਵ ਬੈਂਕ ਦੀਆਂ ਸਾਲਾਨਾ ਮੀਟਿੰਗਾਂ ਦੌਰਾਨ ਅਟਲਾਂਟਿਕ ਕੌਂਸਲ ਗੱਲਬਾਤ ਸੈਸ਼ਨ ਵਿੱਚ ਕਹੀ. ਖਜ਼ਾਨਾ ਮੰਤਰੀ ਨੇ ਕਿਹਾ ਕਿ ਸਮਝੌਤੇ 'ਤੇ ਗੱਲਬਾਤ ਜਾਰੀ ਏ। ਉਨ੍ਹਾਂ ਅੱਗੇ ਕਿਹਾ ਕਿ ਵਪਾਰ ਤੇ ਸਨਅਤ ਮੰਤਰੀ ਪਿਊਸ਼ ਗੋਇਲ ਨੇ ਉਨ੍ਹਾਂ ਨੂੰ ਸੂਚਿਤ ਕੀਤਾ ਏ ਕਿ ਵਪਾਰ ਸਮਝੌਤੇ ਦੇ ਪਹਿਲੇ ਪੜਾਅ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਏ ਅਤੇ ਇਸਦਾ ਕਾਨੂੰਨੀ ਖਰੜਾ ਹੁਣ ਤਿਆਰ ਕੀਤਾ ਜਾ ਰਿਹਾ ਏ ।ਉਨ੍ਹਾਂ ਦੀਆਂ ਟਿੱਪਣੀਆਂ ਅਜਿਹੇ ਸਮੇਂ ਆਈਆਂ ਨੇ ਜਦੋਂ ਦੋਵੇਂ ਧਿਰਾਂ ਵਪਾਰ ਸਮਝੌਤੇ ਨੂੰ ਅੱਗੇ ਵਧਾਉਣ ਲਈ ਲਗਾਤਾਰ ਯਤਨ ਕਰ ਰਹੀਆਂ ਨੇ.

---------------------------------------------------------------

ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਕਰਨਾਟਕ ਦੇ ਕਰਵਾਰ ਵਿੱਚ ਆਈ.ਐਨ.ਐਸ. ਕਦੰਬਾ ਨੇਵਲ ਬੇਸ ਵਿਖੇ ਸਵਦੇਸ਼ੀ ਤੌਰ 'ਤੇ ਬਣੇ ਬਹੁ-ਮੰਤਵੀ ਸਮੁੰਦਰੀ ਜਹਾਜ਼ ਆਈ.ਐਨ.ਐਸ ਸਮਰਥਕ ਨੂੰ ਭਾਰਤੀ ਸਮੁੰਦਰੀ ਫੌਜ ਵਿਚ ਸ਼ਾਮਿਲ ਕੀਤਾ. ਸਮੁੰਦਰੀ ਫੌਜ ਮੁਖੀ ਐਡਮਿਰਲ ਕ੍ਰਿਸ਼ਨਾ ਸਵਾਮੀਨਾਥਨ, ਸੀਨੀਅਰ ਸਮੁੰਦਰੀ ਫੌਜ ਅਧਿਕਾਰੀ ਅਤੇ ਕਰਨਾਟਕ ਦੇ ਕਿਰਤ ਮੰਤਰੀ ਸੰਤੋਸ਼ ਲਾਡ ਇਸ ਸਮਾਰੋਹ ਵਿੱਚ ਸ਼ਾਮਿਲ ਹੋਏ।

---------------------------------------------------

ਅਮਰੀਕਾ ਦੀ ਪੁਲਾੜ ਤਕਨਾਲਜੀ ਨਾਲ ਜੁੜੀ ਸਟਾਰਟਅੱਪ ਕੰਪਨੀ, ਰਿਫਲੈਕਟ ਔਰਬਿਟਲ, ਨੇ ਭਾਰਤ ਦੇ ਸਕਾਈਰੂਟ ਏਰੋਸਪੇਸ ਨਾਲ ਦੋ ਲਾਂਚਾਂ ਲਈ ਇੱਕ ਇਕਰਾਰਨਾਮੇ 'ਤੇ ਦਸਤਖਤ ਕੀਤੇ ਨੇ. ਇਸ ਪ੍ਰੋਜੈਕਟ ਦਾ ਉਦੇਸ਼ ਰਾਤ ਨੂੰ ਪੁਲਾੜ ਵਿੱਚ ਇੱਕ ਸ਼ੀਸ਼ੇ ਦੀ ਵਰਤੋਂ ਰਾਹੀਂ ਧਰਤੀ ਦੇ ਕੁਝ ਹਿੱਸਿਆਂ ਵਿੱਚ ਸੂਰਜ ਦੀ ਰੌਸ਼ਨੀ ਨੂੰ ਪਹੁੰਚਾਉਣਾ ਏ. ਕੈਲੀਫੋਰਨੀਆ-ਅਧਾਰਿਤ ਕੰਪਨੀ ਨੂੰ ਉਮੀਦ ਏ ਕਿ ਇਸ ਤਕਨਾਲੋਜੀ ਦੀ ਵਰਤੋਂ ਆਫ਼ਤ ਪ੍ਰਭਾਵਿਤ ਖੇਤਰਾਂ ਵਿੱਚ ਖੋਜ ਅਤੇ ਬਚਾਅ ਕਾਰਜਾਂ ਲਈ ਅਤੇ ਸੂਰਜੀ ਊਰਜਾ ਪਲਾਂਟਾਂ 'ਤੇ ਬਿਜਲੀ ਉਤਪਾਦਨ ਦੇ ਸਮੇਂ ਨੂੰ ਵਧਾਉਣ ਲਈ ਕੀਤੀ ਜਾਵੇਗੀ।

---------------------------------------------------

ਡਾ. ਸੁਧਾ ਯਾਦਵ ਨੇ ਅੱਜ ਬੰਗਲੁਰੂ ਦੇ ਲੋਕ ਭਵਨ ਵਿਖੇ ਹੋਏ ਇੱਕ ਸਹੁੰ ਚੁੱਕ ਸਮਾਗਮ ਵਿੱਚ ਕਰਨਾਟਕ ਦੇ ਰਾਜਪਾਲ ਵਜੋਂ ਅਹੁਦਾ ਸੰਭਾਲਿਆ।

ਕਰਨਾਟਕ ਹਾਈ ਕੋਰਟ ਦੇ ਮੁੱਖ ਜੱਜ, ਜਸਟਿਸ ਵਿਭੂ ਬਖਰੂ ਨੇ ਉਨ੍ਹਾਂ ਨੂੰ ਅਹੁਦੇ ਦੀ ਸਹੁੰ ਚੁਕਾਈ। ਇਸ ਸਮਾਰੋਹ ਵਿੱਚ ਸੇਵਾਮੁਕਤ ਰਾਜਪਾਲ ਥਾਵਰਚੰਦ ਗਹਿਲੋਤ, ਮੁੱਖ ਮੰਤਰੀ ਡੀ.ਕੇ. ਸ਼ਿਵਕੁਮਾਰ, ਕਈ ਮੰਤਰੀ ਅਤੇ ਹੋਰ ਪਤਵੰਤੇ ਮੌਜੂਦ ਸਨ. ਡਾ. ਯਾਦਵ 1999 ਦੀ ਕਾਰਗਿਲ ਜੰਗ ਦੌਰਾਨ ਸ਼ਹੀਦ ਹੋਏ ਸਰਹੱਦੀ ਸੁਰੱਖਿਆ ਬਲ (ਬੀ.ਐਸ.ਐਫ.) ਦੇ ਡਿਪਟੀ ਕਮਾਂਡੈਂਟ ਸੁਖਬੀਰ ਸਿੰਘ ਯਾਦਵ ਦੀ ਪਤਨੀ ਨੇ. ਹਰਿਆਣਾ ਤੋਂ ਸਾਬਕਾ ਸੰਸਦ ਮੈਂਬਰ, ਡਾ. ਸੁਧਾ ਯਾਦਵ, ਕਰਨਾਟਕ ਦੇ ਰਾਜਪਾਲ ਬਣਨ ਵਾਲੇ ਦੂਜੇ ਔਰਤ ਨੇ. ਉਨ੍ਹਾਂ ਤੋਂ ਪਹਿਲਾਂ, ਵੀ.ਐਸ. ਰਮਾਦੇਵੀ ਨੇ 1999 ਤੋਂ 2002 ਤੱਕ ਇਸ ਅਹੁਦੇ ਨੂੰ ਸੰਭਾਲਿਆ ਸੀ।

---------------------------------------------------

ਅੱਜ ਵਿਸ਼ਵ ਖੁਰਾਕ ਦਿਵਸ ਦੇ ਮੌਕੇ 'ਤੇ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਭੋਜਨ ਜੀਵਨ ਏ ਅਤੇ ਇਸਨੂੰ ਪਰਮਾਤਮਾ ਦੇ ਬਰਾਬਰ ਮੰਨਿਆ ਜਾਂਦਾ ਏ । ਇੱਕ ਸੋਸ਼ਲ ਮੀਡੀਆ ਸੰਦੇਸ਼ ਵਿੱਚ, ਸ਼੍ਰੀ ਚੌਹਾਨ ਨੇ ਕਿਹਾ ਕਿ ਭਾਰਤੀ ਸੱਭਿਆਚਾਰ ਵਿੱਚ ਭੋਜਨ ਨੂੰ ਦੇਵਤਾ ਦਾ ਦਰਜਾ ਦਿੱਤਾ ਗਿਆ ਏ । ਉਨ੍ਹਾਂ ਕਿਹਾ ਕਿ ਭੋਜਨ ਦਾ ਹਰ ਦਾਣਾ ਕੀਮਤੀ ਏ ਅਤੇ ਜੀਵਨ ਦਾ ਆਧਾਰ ਏ ।

ਭੋਜਨ ਬਚਾਉਣ ਅਤੇ ਜਾਨਾਂ ਬਚਾਉਣ ਦਾ ਸੰਦੇਸ਼ ਦਿੰਦੇ ਹੋਏ, ਸ਼੍ਰੀ ਚੌਹਾਨ ਨੇ ਸਮੂਹਿਕ ਅਹਿਦ ਲੈਣ ਦਾ ਸੱਦਾ ਦਿੱਤਾ ਤਾਂ ਜੋ ਆਲੇ ਦੁਆਲੇ ਕੋਈ ਵੀ ਭੁੱਖਾ ਨਾ ਰਹੇ । ਵਿਸ਼ਵ ਖੁਰਾਕ ਦਿਵਸ ਹਰ ਸਾਲ 16 ਅਕਤੂਬਰ ਨੂੰ ਮਨਾਇਆ ਜਾਂਦਾ ਏ ।

---

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਰਾਸ਼ਟਰੀ ਸੁਰੱਖਿਆ ਗਾਰਦ (NSG) ਨੂੰ ਇਸਦੇ ਸਥਾਪਨਾ ਦਿਵਸ 'ਤੇ ਵਧਾਈਆਂ ਦਿੱਤੀਆਂ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸ਼ਾਹ ਨੇ ਕਿਹਾ ਕਿ NSG ਨੇ, ਇੱਕ ਤੂਫਾਨ ਵਾਂਗ, ਦੇਸ਼ 'ਤੇ ਮੰਡਰਾਉਣ ਵਾਲੇ ਹਰ ਦਹਿਸ਼ਤਗਰਦ ਖ਼ਤਰੇ ਨੂੰ ਤਬਾਹ ਕਰ ਦਿੱਤਾ ਏ ਅਤੇ ਅਟੁੱਟ ਹਿੰਮਤ, ਕੁਸ਼ਲਤਾ ਅਤੇ ਬਹਾਦਰੀ ਭਰੇ ਬਲੀਦਾਨਾਂ ਨਾਲ ਦੇਸ਼ ਦੀ ਰਾਖੀ ਕੀਤੀ ਏ.

---

ਸਾਊਦੀ ਅਰਬ ਵਿੱਚ ਬਦਲਦੀ ਸਥਿਤੀ ਦੇ ਮੱਦੇਨਜ਼ਰ, ਏਅਰ ਇੰਡੀਆ ਨੇ ਇਸ ਮਹੀਨੇ ਦੀ 20 ਤਰੀਕ ਤੱਕ ਰਿਆਧ, ਦਮਾਮ ਅਤੇ ਜੇਦਾਹ ਤੋਂ ਆਪਣੀਆਂ ਉਡਾਣਾਂ ਰੱਦ ਕਰ ਦਿੱਤੀਆਂ ਨੇ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਏਅਰ ਇੰਡੀਆ ਨੇ ਕਿਹਾ ਕਿ ਉਹ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਹੀ ਏ ਅਤੇ ਸੇਵਾਵਾਂ ਨੂੰ ਮੁੜ੍ਹ ਸ਼ੁਰੂ ਕਰਨ ਨੂੰ ਯਕੀਨੀ ਬਣਾਉਣ ਲਈ ਸਥਿਤੀ ਦਾ ਨਿਰੰਤਰ ਮੁਲੰਕਣ ਕਰ ਰਹੀ ਏ । ਏਅਰ ਇੰਡੀਆ ਨੇ ਕਿਹਾ ਕਿ ਉਡਾਣ ਰੱਦ ਹੋਣ ਤੋਂ ਪ੍ਰਭਾਵਿਤ ਮੁਸਾਫ਼ਿਰਾਂ ਨੂੰ ਪੂਰਾ ਰਿਫੰਡ ਦਿੱਤਾ ਜਾ ਰਿਹਾ ਏ ।

---

ਅਮਰੀਕੀ ਸਰਕਾਰ ਦੇ ਨਾਲ 6 ਲਖ ਡਾਲਰ ਦੀ ਧੋਖਾਧੜੀ ਦੇ ਮਾਮਲੇ ਦੇ ਮੁਲਜ਼ਮ ਨੂੰ ਭਾਰਤ ਤੋਂ ਅਮਰੀਕਾ ਹਵਾਲੇ ਕਰ ਦਿੱਤਾ ਗਿਆ ਏ । ਅਮਰੀਕੀ ਨਿਆਂ ਵਿਭਾਗ ਮੁਤਾਬਿਕ, ਪਿਛਲੇ ਮਹੀਨੇ ਭਾਰਤ ਵਿੱਚ

ਗ੍ਰਿਫਤਾਰ ਕੀਤੇ ਗਏ ਮਨਜੀਤ ਸਿੰਘ ਬੇਦੀ ਨੂੰ ਬੁੱਧਵਾਰ ਰਾਤ ਨੂੰ ਅਮਰੀਕਾ ਵਾਪਸ ਲਿਆਂਦਾ ਗਿਆ। ਉਸਨੂੰ ਸ਼ੁੱਕਰਵਾਰ ਨੂੰ ਵਾਸ਼ਿੰਗਟਨ ਦੀ ਇੱਕ ਸੰਘੀ ਅਦਾਲਤ ਵਿੱਚ ਪੇਸ਼ ਹੋਣ ਦਾ ਪ੍ਰੋਗਰਾਮ ਏ. ਐਫ.ਬੀ.ਆਈ. ਦੇ ਡਾਇਰੈਕਟਰ ਕਾਸ਼ ਪਟੇਲ ਨੇ ਭਾਰਤੀ ਅਤੇ ਅਮਰੀਕੀ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਵਿਚਕਾਰ ਸਹਿਯੋਗ ਦੀ ਪ੍ਰਸ਼ੰਸਾ ਕੀਤੀ। ਬੇਦੀ 'ਤੇ 2024 ਅਤੇ 2025 ਦੇ ਵਿਚਕਾਰ ਅਮਰੀਕੀ ਸਪਲੀਮੈਂਟਲ ਨਿਊਟ੍ਰੀਸ਼ਨ ਅਸਿਸਟੈਂਸ ਪ੍ਰੋਗਰਾਮ ਤਹਿਤ ਧੋਖਾਧੜੀ ਨਾਲ 6 ਲਖ ਡਾਲਰ ਦਾ ਲਾਭ ਪ੍ਰਾਪਤ ਕਰਨ ਦਾ ਇਲ੍ਜ਼ਾਮ ਏ.

-----------------------------------------------

ਭਾਰਤੀ ਮਹਿਲਾ ਕ੍ਰਿਕਟ ਟੀਮ ਅੱਜ ਰਾਏਪੁਰ ਵਿੱਚ ਜ਼ਿੰਬਾਬਵੇ ਖਿਲਾਫ਼ ਤਿੰਨ 20-20 ਮੈਚਾਂ ਦੀ ਲੜੀ ਦਾ ਪਹਿਲਾ ਮੈਚ ਖੇਡੇਗੀ। ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮੀਂ 7 ਵਜੇ ਸ਼ੁਰੂ ਹੋਵੇਗਾ।

-----------------------------------------------

- ਰੱਖਿਆ ਮੰਤਰੀ RAJNATH SINGH ਨੇ ਹਾਲੀਆ ਵਿਰੋਧ ਮੁਜ਼ਾਹਰਿਆਂ ਪਿੱਛੇ ਕਾਂਗਰਸ ਦੇ ਇਰਾਦਿਆਂ 'ਤੇ ਸਵਾਲ ਉਠਾਏ, ਪਾਰਟੀ 'ਤੇ ਲੋਕਾਂ ਨੂੰ ਗੁੰਮਰਾਹ ਕਰਨ ਦਾ ਇਲ੍ਜ਼ਾਮ ਲਾਇਆ.

- ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਗੈਂਗਸਟਰਵਾਦ ਅਤੇ ਸੰਗਠਿਤ ਅਪਰਾਧ ਦੇ ਵਧ ਰਹੇ ਖ਼ਤਰੇ 'ਤੇ ਚਿੰਤਾ ਪ੍ਰਗਟ ਕੀਤੀ ।

- ਸਰਕਾਰ ਨੇ ਇਸ ਪੰਦਰਵਾੜੇ ਲਈ ਪੈਟਰੋਲ, ਡੀਜ਼ਲ ਅਤੇ ਹਵਾਬਾਜ਼ੀ ਟਰਬਾਈਨ ਫਿਊਲ (ATF) ਦੀ ਬਰਾਮਦ 'ਤੇ ਸੋਧੀ ਹੋਈ ਡਿਊਟੀ ਸੰਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ।

- ਭਾਰਤ ਦੇ ਸਕਾਈਰੂਟ ਏਰੋਸਪੇਸ ਨੇ ਰਾਤ ਨੂੰ ਸੂਰਜ ਦੀ ਰੌਸ਼ਨੀ ਪ੍ਰਦਾਨ ਕਰਨ ਲਈ ਅਮਰੀਕੀ ਸਟਾਰਟ-ਅੱਪ ਰਿਫਲੈਕਟ ਔਰਬਿਟਲ ਨਾਲ ਇਕਰਾਰਨਾਮੇ 'ਤੇ ਦਸਤਖਤ ਕੀਤੇ.

- ਅੱਜ ਵਿਸ਼ਵ ਖੁਰਾਕ ਦਿਵਸ ਮਨਾਇਆ ਜਾ ਰਿਹਾ ਏ.

------------------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮੀਂ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!**